**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 13-07-2024**

- ਕੇਂਦਰੀ ਸਿਹਤ ਮੰਤਰੀ ਜੇ ਪੀ ਨੱਡਾ ਨੇ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਅਤੇ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਦੀ ਸਮੀਖਿਆ ਕੀਤੀ।
- ਜਲੰਧਰ ਪੱਛਮੀ ਰਾਖਵੇਂ ਵਿਧਾਨਸਭਾ ਹਲਕੇ ਦੀ ਜ਼ਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੇ ਮੋਹਿੰਦਰ ਭਗਤ ਦੀ ਸ਼ਾਨਦਾਰ ਜਿੱਤ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਿਮਨੀ ਚੋਣ ਵਿਚ ਪਾਰਟੀ ਦੀ ਜਿੱਤ ਤੇ ਖੁਸ਼ੀ ਪ੍ਰਗਟਾਈ ਜਦਕਿ ਭਾਜਪਾ ਨੇ ਚੋਣਾਂ ਵਿਚ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦਾ ਲਾਇਆ ਦੋਸ਼।

- ਜਲੰਧਰ ਵਿਚ ਖੇਡੀ ਗਈ ਆਰਮੀ ਇੰਟਰ ਕਮਾਂਡ ਹਾਕੀ ਚੈਂਪੀਅਨਸ਼ਿਪ 2024-25 ਵੈਸਟਰਨ ਕਮਾਂਡ ਦੀ ਟੀਮ ਨੇ ਜਿੱਤ ਲਈ ਏ।

-------------------------------------------------------

ਕੇਂਦਰੀ ਸਿਹਤ ਮੰਤਰੀ ਜੇ ਪੀ ਨੱਡਾ ਨੇ ਨਵੀਂ ਦਿੱਲੀ ਵਿੱਚ ਕੌਮੀ ਸਿਹਤ ਅਥਾਰਟੀ ਦੇ ਸੀਨੀਅਰ ਅਧਿਕਾਰੀਆਂ ਨਾਲ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਅਤੇ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਦੀ ਸਮੀਖਿਆ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਉਨ੍ਹਾਂ ਕਿਹਾ ਕਿ ਇਹ ਯੋਜਨਾਵਾਂ ਕਾਮਯਾਬੀ ਨਾਲ ਆਪਣੇ ਉਦੇਸ਼ ਨੂੰ ਪੂਰਾ ਕਰ ਰਹੀਆਂ ਨੇ। ਉਨ੍ਹਾਂ ਕਿਹਾ ਕਿ ਕੋਈ 34 ਕਰੋੜ 7 ਲੱਖ ਆਯੂਸ਼ਮਾਨ ਕਾਰਡ ਜਾਰੀ ਕੀਤੇ ਗਏ ਨੇ ਅਤੇ ਕੋਈ 7 ਕਰੋੜ 35 ਲੱਖ ਹਸਪਤਾਲਾਂ ਵਿੱਚ ਦਾਖਲੇ ਦੀ ਸਹੂਲਤ ਦਿੱਤੀ ਗਈ ਏ। ਜੇ ਪੀ ਨੱਡਾ ਨੇ ਅਧਿਕਾਰੀਆਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਇਨ੍ਹਾਂ ਦੂਰਅੰਦੇਸ਼ੀ ਸਕੀਮਾਂ ਦਾ ਲਾਭ ਸਮਾਜ ਦੇ ਸਭ ਤੋਂ ਵੱਧ ਜਰੂਰਤਵੰਦ ਅਤੇ ਕਮਜ਼ੋਰ ਵਰਗਾਂ ਤੱਕ ਪਹੁੰਚਣਾ ਯਕੀਨੀ ਬਣਾਇਆ ਜਾਵੇ।

-----------------------------------------------------

ਜਲੰਧਰ ਪੱਛਮੀ ਰਾਖਵੇਂ ਵਿਧਾਨਸਭਾ ਹਲਕੇ ਦੀ ਜ਼ਿਮਨੀ ਚੋਣ ਆਮ ਆਦਮੀ ਪਾਰਟੀ ਨੇ ਜਿੱਤ ਲਈ ਏ। ਅੱਜ ਹੋਈ ਵੋਟਾਂ ਦੀ ਗਿਣਤੀ ਵਿਚ ਪਾਰਟੀ ਦੇ ਉਮੀਦਵਾਰ ਮੋਹਿੰਦਰ ਭਗਤ ਨੇ 37 ਹਜ਼ਾਰ 325 ਵੋਟਾਂ ਦੇ ਫਰਕ ਨਾਲ ਇਹ ਜਿੱਤ ਹਾਸਲ ਕੀਤੀ। ਇਸ ਜ਼ਿਮਨੀ ਚੋਣ ਲਈ ਵੋਟਾਂ ਦਸ ਜੁਲਾਈ ਨੂੰ ਪਾਈਆਂ ਗਈਆਂ ਸਨ। ਜਿੱਤ ਹਾਸਲ ਕਰਨ ਮਗਰੋਂ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਖ਼ੂਬ ਜਸ਼ਨ ਮਨਾਇਆ।

**ਹੋਰ ਵੇਰਵੇ ਨਾਲ ਇਹ ਰਿਪੋਰਟ:*ਡਸਪੈਚ: ਜਲੰਧਰ ਪੱਛਮੀ ਰਾਖਵੇਂ ਵਿਧਾਨਸਭਾ ਹਲਕੇ ਤੋਂ ਮੋਹਿੰਦਰ ਭਗਤ ਨੂੰ ਜਿੱਤ ਹਾਸਲ ਹੋਣ ਤੇ ਆਮ ਆਦਮੀ ਪਾਰਟੀ ਖਾਸ ਤੌਰ ਤੇ ਮੁਖ ਮੰਤਰੀ ਭਗਵੰਤ ਮਾਨ ਸਿੰਘ ਨੇ ਸੁਖ ਦਾ ਸਾਹ ਲਿਆ ਏ ਕਿਓਂਜੋ ਉਨਾਂ ਇਸ ਜਿੱਤ ਨੂੰ ਆਪਣੀ ਵਕਾਰ ਦਾ ਮੁੱਦਾ ਬਣਾਉਂਦੀਆਂ ਕਈ ਦਿਨ ਤਕ ਹਲਕੇ ਵਿਚ ਧੂੰਆਂਧਾਰ ਪ੍ਰਚਾਰ ਕੀਤਾ। ਲੋਕਸਭਾ ਚੋਣਾਂ ਵਿਚ ਤੀਜੇ ਨੰਬਰ ਤੇ ਰਹਿਣ ਵਾਲੀ ਆਮ ਆਦਮੀ ਪਾਰਟੀ ਨੇ ਵਿਧਾਨਸਭਾ ਚੋਣਾਂ ਵਿਚ ਹਲਕੇ ਵਿਚ ਕੁਲ 55 ਹਜ਼ਾਰ 246 ਯਾਨੀ 58 ਦਸ਼ਮਲਵ 3 8*

*ਫੀਸਦੀ ਵੋਟ ਹਾਸਲ ਕੀਤੇ ਨੇ । ਗਿਣਤੀ ਦੇ ਪਹਿਲੇ ਗੇੜ ਤੋਂ ਆਖਰੀ ਗੇੜ ਤਕ ਮੋਹਿੰਦਰ ਭਗਤ ਨੇ ਆਪਣੀ ਲੀਡ ਬਣਾਈ ਰੱਖੀ ਅਤੇ ਇਸ ਨੂੰ ਲਗਾਤਾਰ ਮਜਬੂਤ ਕਰਦੇ ਰਹੇ । ਸ਼ੁਰੂਆਤੀ ਰੁਝਾਨ ਵਿਚ ਪਹਿਲਾਂ ਕਾਂਗਰਸ ਪਾਰਟੀ ਦੂਜੇ ਨੰਬਰ ਤੇ ਰਹੀ ਪਰ ਅਖੀਰਲੇ ਕੁਝ ਗੇੜਾਂ ਵਿਚ ਉਹ ਭਾਜਪਾ ਤੋਂ ਪੱਛੜ ਕੇ ਤੀਜੇ ਸਥਾਨ ਤੇ ਆ ਗਈ । ਸ਼ੀਤਲ ਅੰਗੂਰਾਲ ਨੂੰ ਕੁਲ 17 ਹਜ਼ਾਰ 921 ਵੋਟ ਹਾਸਲ ਹੋਏ ਜਦਕਿ ਕਾਂਗਰਸ ਨੂੰ 16 ਹਜ਼ਾਰ 757 ਵੋਟ ਮਿਲੇ ਨੇ । ਚੋਣਾਂ ਦੌਰਾਨ ਵੱਖ ਵੱਖ ਮੁਦਿਆਂ ਤੇ ਆਪਸ ਵਿਚ ਹੀ ਉਲਝਦੇ ਰਹੇ ਸ਼੍ਰੋਮਣੀ ਅਕਾਲੀ ਦਲ ਨੂੰ ਬੇਹੱਦ ਹੀ ਨਮੋਸ਼ੀ ਦਾ ਸਾਹਮਣਾ ਕਰਨਾ ਪਿਆ ਏ ਅਤੇ ਉਸ ਨੂੰ 1 ਹਜ਼ਾਰ 282 ਵੋਟ ਹਾਸਲ ਹੋਏ ਨੇ ਜਦਕਿ ਬਹੁਜਨ ਸਮਾਜ ਪਾਰਟੀ ਨੂੰ ਸਿਰਫ 734 ਵੋਟਾਂ ਨਾਲ ਹੀ ਤਸੱਲੀ ਕਰਨੀ ਪਈ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-

ਇਸ ਦੌਰਾਨ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ ਤੇ ਸਾਰਿਆਂ ਨੂੰ

ਵਧਾਈ ਦਿੱਤੀ ਏ। ਸੋਸ਼ਲ ਮੀਡਿਆ ਤੇ ਆਪਣੇ ਸੁਨੇਹੇ ਵਿਚ ਉਨਾਂ ਕਿਹਾ ਕਿ ਵੱਡੀ ਲੀਡ ਨਾਲ ਮਿਲੀ ਜਿੱਤ ਇਹ ਦਰਸਾਉਂਦੀ ਏ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੇ ਕੰਮਾਂ ਤੋਂ ਬੇਹੱਦ ਖੁਸ਼ ਨੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜ਼ਿਮਨੀ ਚੋਣ ਦੌਰਾਨ ਕੀਤੇ ਵਾਅਦੇ ਅਨੁਸਾਰ ਜਲੰਧਰ ਵੈਸਟ ਨੂੰ ਹੁਣ ਬੈਸਟ ਬਣਾਇਆ ਜਾਵੇਗਾ ਅਤੇ ਮੋਹਿੰਦਰ ਭਗਤ ਨੂੰ ਬਹੁਤ ਬਹੁਤ ਮੁਬਾਰਕਾਂ । ਏਧਰ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਜਲੰਧਰ ਦੇ ਲੋਕਾਂ ਦਾ ਫਤਵਾ ਸਰ ਮੱਥੇ ਤੇ, ਪਰ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਲੋਕਾਂ ਨਾਲ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਕਰਨੇ ਚਾਹੀਦੇ ਨੇ। ਉਨਾਂ ਕਿਹਾ ਕਿ ਜਲੰਧਰ ਦਾ ਨਤੀਜਾ ਆਮ ਆਦਮੀ ਪਾਰਟੀ ਦੇ ਹੱਕ ਵਿਚ ਆਇਆ ਏ ਤੇ ਸਰਕਾਰ ਨੂੰ ਸਮੁਚੇ ਪੰਜਾਬ ਵਿਚ ਵਿਕਾਸ ਦੇ ਅਧੂਰੇ ਕੰਮ ਪੂਰੇ ਕਰਨੇ ਚਾਹੀਦੇ ਨੇ । ਸੁਨੀਲ ਜਾਖੜ ਨੇ ਆਸ ਪ੍ਰਗਟਾਈ ਕਿ ਬੇਲਗਾਮ ਭ੍ਰਿਸ਼ਟਾਚਾਰ ਵੱਲ ਵੀ ਮੁੱਖ ਮੰਤਰੀ ਧਿਆਨ ਦੇਣਗੇ । ਉਧਰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਰਾਜਸਭਾ ਮੈਂਬਰ ਸੰਜੇ ਸਿੰਘ ਨੇ

ਕਿਹਾ ਕਿ ਲੋਕਾਂ ਨੇ ਸੱਚਾਈ ਦਾ ਸਾਥ ਦਿੱਤਾ ਏ ਅਤੇ ਆਮ ਆਦਮੀ ਪਾਰਟੀ ਨੂੰ ਛੱਡਣ ਵਾਲੇ ਬਰਬਾਦ ਹੋ ਗਏ ਨੇ।

--------------------------------------------------------

ਦੂਜੇ ਪਾਸੇ ਸਾਬਕਾ ਸਾਂਸਦ ਤੇ ਭਾਜਪਾ ਆਗੂ ਸੁਸ਼ੀਲ ਕੁਮਾਰ ਰਿੰਕੂ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਤੇ ਲਿਖਿਆ ਕਿ ਕੌਂਸਲਰਾਂ ਤੇ ਕਈ ਹੋਰ ਆਗੂਆਂ ਨੂੰ ਖਰੀਦਿਆ ਗਿਆ ਅਤੇ ਔਹਦਿਆਂ ਦਾ ਲਾਲਚ ਦਿੱਤਾ ਗਿਆ ਜਦਕਿ ਕੁਝ ਲੋਕਾਂ ਨੂੰ ਖੁਸ਼ ਕਰਨ ਲਈ ਗੰਨਮੈਨ ਵੀ ਦਿੱਤੇ ਗਏ। ਉਨਾਂ ਕਿਹਾ ਕਿ ਵੋਟਰਾਂ ਨੂੰ ਪ੍ਰਭਾਵਤ ਕਰਨ ਲਈ ਪੈਸੇ, ਸ਼ਰਾਬ, ਰਾਸ਼ਨ ਅਤੇ ਸੂਟਾਂ ਦੀ ਵੰਡ ਕਰਨ ਤੋਂ ਅਲਾਵਾ ਸਰਕਾਰੀ ਮਸ਼ੀਨਰੀ ਤੇ ਸਰਕਾਰੀ ਤੰਤਰ ਦੀ ਖੁਲ ਕੇ ਦੁਰਵਰਤੋਂ ਕੀਤੀ ਗਈ ਏ। ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਪੂਰੀ ਤਰ੍ਹਾਂ ਨਾਲ ਲੋਕਤੰਤਰ ਨੂੰ ਢਾਹ ਲਗਾਉਣ ਦਾ ਯਤਨ ਕੀਤਾ ਗਿਆ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਨੂੰ ਅੱਖੋਂ ਪਰੋਖੇ ਕਰਦਿਆਂ ਬੇਹਿਸਾਬ ਖਰਚ ਕੀਤਾ ਗਿਆ। ਉਨਾਂ ਕਿਹਾ ਕਿ ਇਸ ਸਬ ਦੇ ਬਾਵਜੂਦ ਪਾਰਟੀ ਦੇ ਉਮੀਦਵਾਰ ਸ਼ੀਤਲ ਅੰਗੂਰਾਲ ਨੇ ਆਪਣੀ

ਚੋਣ ਲੜਾਈ ਬਹੁਤ ਹੀ ਬਹਾਦਰੀ ਨਾਲ ਲੜੀ ਏ ਅਤੇ ਇਹ ਜਿੱਤ ਨਹੀਂ ਪਰ ਲੋਕਤੰਤਰ ਦਾ ਕਤਲ ਏ।

---------------------------------------------------------

ਫਾਜ਼ਿਲਕਾ ਵਿਚ ਭਾਰਤ- ਪਾਕਿਸਤਾਨ ਕੌਮਾਂਤਰੀ ਸਰਹੱਦ ਤੇ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਨੇ ਪਾਕਿਸਤਾਨ ਦੀ ਇਕ ਨਾਪਾਕ ਸਾਜ਼ਿਸ਼ ਨੂੰ ਨਾਕਾਮ ਕਰਦਿਆਂ ਹਥਿਆਰਾਂ ਸਣੇ ਡਰੋਨ ਨੂੰ ਬਰਾਮਦ ਕੀਤਾ ਏ। ਇਸ ਦੌਰਾਨ ਜਵਾਨਾਂ ਨੇ ਕਰੀਬ ਤਿੰਨ ਰਾਊਂਡ ਫਾਇਰ ਕੀਤੇ। ਬਲ ਦੀ 66 ਬਟਾਲੀਅਨ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਬੀਤੀ ਰਾਤ ਸਰਹੱਦੀ ਪਿੰਡ ਮੁਹਾਰ ਜਮਸ਼ੇਰ ਨੇੜੇ ਡਰੋਨ ਦੀ ਹਲਚਲ ਤੋਂ ਬਾਅਦ ਜਵਾਨਾਂ ਨੇ ਫਾਇਰਿੰਗ ਕਰਕੇ ਡਰੋਨ ਨੂੰ ਜ਼ਮੀਨ ਤੇ ਡੇਗ ਲਿਆ ਅਤੇ ਅੱਜ ਤਲਾਸ਼ੀ ਦੌਰਾਨ ਡਰੋਨ ਦੇ ਨਾਲ ਹਥਿਆਰ ਬਰਾਮਦ ਹੋਏ ਨੇ ਜਿਨ੍ਹਾਂ ਵਿਚ ਤਿੰਨ ਪਿਸਤੌਲ, 7 ਮੈਗਜ਼ੀਨ ਅਤੇ ਇਕ ਡਰੋਨ ਸ਼ਾਮਲ ਏ।

---------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ

ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ । ਬਠਿੰਡਾ ਤੇ ਗੁਰਦਾਸਪੁਰ ਜ਼ਿਲਿਆਂ ਦੇ ਕਾਨੂੰਨ ਮਾਹਰ ਅਤੇ ਵਿਦਿਆਰਥੀਆਂ ਨੇ ਨਵੇਂ ਕਾਨੂੰਨਾਂ ਵਿਚ FIR ਸਮੇਤ ਹੋਰ ਤਬਦੀਲੀਆਂ ਕੀਤੇ ਜਾਣ ਦੀ ਸ਼ਲਾਘਾ ਕੀਤੀ ਏ।

---------------------------------------------------------------

ਕ੍ਰਿਸ਼ੀ ਵਿਗਿਆਨ ਕੇਂਦਰ ਫ਼ਤਹਿਗੜ੍ਹ ਸਾਹਿਬ ਵਿਖੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀ ਅਗਵਾਈ ਹੇਠ ਬੱਕਰੀ ਪਾਲਣ ਵਿਸ਼ੇ ਤੇ ਇੱਕ ਹਫਤੇ ਦਾ ਕਿੱਤਾ ਮੁਖੀ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਜ਼ਿਲ੍ਹੇ ਦੇ 26 ਕਿਸਾਨਾਂ ਤੇ ਨੌਜਵਾਨਾਂ ਨੇ ਭਾਗ ਲਿਆ । ਕੇਂਦਰ ਦੇ ਸਹਿਯੋਗੀ ਡਾਇਰੈਕਟਰ ਸਿਖਲਾਈ ਡਾ: ਵਿਪਨ ਕੁਮਾਰ ਰਾਮਪਾਲ ਦੀ ਅਗਵਾਈ ਹੇਠ ਕਰਵਾਏ ਇਸ ਕੋਰਸ ਦੌਰਾਨ ਡਾ: ਜੀ.ਪੀ.ਐਸ. ਸੇਠੀ ਸਹਾਇਕ ਪ੍ਰੋਫੈਸਰ ਪਸ਼ੂ ਵਿਗਿਆਨ ਅਤੇ ਕੋਰਸ ਕੋਆਰਡੀਨੇਟਰ ਨੇ ਬੱਕਰੀਆਂ ਦੀਆਂ ਨਸਲਾਂ, ਪ੍ਰਜਨਨ ਪ੍ਰਬੰਧਨ ਅਤੇ ਬੱਕਰੀਆਂ ਦੀਆਂ ਵੱਖ-ਵੱਖ ਬਿਮਾਰੀਆਂ ਤੇ ਉਨ੍ਹਾਂ ਦੇ ਸੰਭਾਵਤ ਇਲਾਜ ਬਾਰੇ ਦੱਸਿਆ । ਉਨ੍ਹਾਂ ਬੱਕਰੀਆਂ ਵਿੱਚ ਟੀਕਾਕਰਨ ਦੀ ਮਹੱਤਤਾ,

ਸੁਧਰੀ ਨਸਲ ਦੀ ਪਹਿਚਾਣ, ਦੰਦਾਂ ਤੋਂ ਉਮਰ ਦਾ ਅੰਦਾਜ਼ਾ ਲਗਾਉਣ ਤੇ ਟੀਕਾਕਰਨ ਬਾਰੇ ਪ੍ਰੈਕਟੀਕਲ ਜਾਣਕਾਰੀ ਦਿੱਤੀ।

---------------------------------------------------

ਫਾਜ਼ਿਲਕਾ ਦੇ ਪਿੰਡ ਚੱਕ ਟਾਹਲੀਵਾਲਾ 'ਚ ਅਸਮਾਨੀ ਬਿਜਲੀ ਡਿੱਗਣ ਕਾਰਨ ਚਾਚੇ - ਭਤੀਜੇ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਏ। ਇਸ ਘਟਨਾ ਤੋਂ ਬਾਅਦ ਪੂਰੇ ਪਿੰਡ 'ਚ ਸੋਗ ਦੀ ਲਹਿਰ ਫੈਲ ਗਈ। ਮਿਲ਼ੀ ਜਾਣਕਾਰੀ ਅਨੁਸਾਰ ਫੌਜ਼ੀ ਕਸ਼ਮੀਰ ਸਿੰਘ ਛੁੱਟੀ ਆਇਆ ਸੀ ਅਤੇ ਆਪਣੇ ਭਤੀਜੇ ਨਾਲ ਖੇਤਾਂ ਵਿੱਚ ਕੰਮ ਕਰ ਰਿਹਾ ਸੀ। ਫਿਰ ਅਚਾਨਕ ਅਸਮਾਨ ਤੋਂ ਬਿਜਲੀ ਡਿੱਗਣ ਕਾਰਨ ਦੋਵਾਂ ਦੀ ਮੌਤ ਹੋ ਗਈ।

---------------------------------------------------

ਆਮਦਨ ਕਰ ਵਿਭਾਗ ਨੇ ਮਾਲੀ ਸਾਲ 2024-25 ਲਈ ਸਿੱਧੇ ਟੈਕਸ ਵਜੋਂ 6 ਲੱਖ 45 ਹਜ਼ਾਰ ਕਰੋੜ ਰੁਪਏ ਇਕੱਤਰ ਕੀਤੇ ਨੇ ਅਤੇ ਨਾਲ ਹੀ ਬੀਤੇ 11 ਜੁਲਾਈ ਤੱਕ 70 ਹਜ਼ਾਰ 902 ਕਰੋੜ ਰੁਪਏ ਦੇ ਰਿਫੰਡ ਜਾਰੀ ਕੀਤੇ ਗਏ ਨੇ। ਵਿਭਾਗ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਇਕੱਤਰ ਟੈਕਸ ਵਿੱਚ 2 ਲੱਖ 65 ਹਜ਼ਾਰ 336 ਕਰੋੜ ਰੁਪਏ ਦਾ

ਕਾਰਪੋਰੇਟ ਟੈਕਸ, 3 ਲੱਖ 61 ਹਜ਼ਾਰ 862 ਕਰੋੜ ਰੁਪਏ ਦਾ ਨਿੱਜੀ ਆਮਦਨ ਟੈਕਸ ਅਤੇ ਇੱਕ ਹਜ਼ਾਰ 426 ਕਰੋੜ ਰੁਪਏ ਦੇ ਹੋਰ ਟੈਕਸ ਸ਼ਾਮਲ ਨੇ। ਸ਼ੁੱਧ ਪ੍ਰਤੱਖ ਟੈਕਸ ਸੰਗ੍ਰਹਿ ਵਿੱਚ ਕੋਈ 20 ਫ਼ੀਸਦ ਦਾ ਮਹੱਤਵਪੂਰਨ ਵਾਧਾ ਦਰਜ ਕੀਤਾ ਗਿਆ ਏ ਜਿਹੜਾ ਕਿ 5 ਲੱਖ 74 ਹਜ਼ਾਰ ਕਰੋੜ ਰੁਪਏ ਤੋਂ ਵੱਧ ਏ।

---------------------------------------------------------------

ਆਰਮੀ ਇੰਟਰ ਕਮਾਂਡ ਹਾਕੀ ਚੈਂਪੀਅਨਸ਼ਿਪ 2024-25 ਵੈਸਟਰਨ ਕਮਾਂਡ ਦੀ ਟੀਮ ਨੇ ਜਿੱਤ ਲਈ ਏ। ਵਜਰਾ ਐਸਟ੍ਰੋਟਰਫ ਹਾਕੀ ਸਟੇਡੀਅਮ ਜਲੰਧਰ ਛਾਉਣੀ ਵਿਖੇ ਕਲ ਰਾਤ ਖੇਡੇ ਗਏ ਫਾਈਨਲ ਵਿਚ ਵੈਸਟਰਨ ਕਮਾਂਡ ਨੇ ਦੱਖਣੀ ਕਮਾਂਡ ਨੂੰ ਹਰਾਇਆ। ਪੱਛਮੀ ਕਮਾਂਡ ਦੇ ਜੀ ਓ ਸੀ-ਇਨ-ਸੀ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਜੇਤੂਆਂ ਨੂੰ ਇਨਾਮ ਵੰਡੇ ਅਤੇ ਸਾਰੀਆਂ ਟੀਮਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਤੇ ਅਦੁੱਤੀ ਮੁਕਾਬਲੇ ਦੀ ਭਾਵਨਾ ਲਈ ਵਧਾਈ ਦਿੱਤੀ। ਆਰਮੀ ਸਪੋਰਟਸ ਕੰਟਰੋਲ ਬੋਰਡ ਵਲੋਂ ਕਰਵਾਈ ਜਾਂਦੀ ਇਸ ਚੈਂਪੀਅਨਸ਼ਿਪ ਦਾ ਉਦਘਾਟਨ ਵਜਰਾ ਕੋਰ ਦੇ ਜੀ ਓ ਸੀ ਲੈਫਟੀਨੈਂਟ

ਜਨਰਲ ਅਜੈ ਚਾਂਦਪੁਰੀਆ ਨੇ ਬੀਤੇ 7 ਜੁਲਾਈ ਨੂੰ ਕੀਤਾ ਸੀ। ਇਹ ਚੈਂਪੀਅਨਸ਼ਿਪ ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਅਤੇ ਖੇਡਾਂ ਵਿੱਚ ਉੱਤਮਤਾ ਦੀ ਰਵਾਇਤ ਕਾਇਮ ਰੱਖਣ ਲਈ ਭਾਰਤੀ ਸੈਨਾ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ ।ਸਾਬਕਾ ਓਲੰਪੀਅਨ ਸੇਵਾਮੁਕਤ ਲੈਫਟੀਨੈਂਟ ਕਰਨਲ ਆਰ.ਐਸ. ਕੁਲਾਰ, ਗੁਰਦੀਪ ਕੁਮਾਰ ਅਤੇ ਅਰਜੁਨ ਐਵਾਰਡੀ ਸੇਵਾਮੁਕਤ ਕਰਨਲ ਬਲਬੀਰ ਸਿੰਘ ਨੇ ਵੀ ਇਸ ਮੈਚ ਦਾ ਆਨੰਦ ਮਾਣਿਆ।

---------------------------------------------------------------

ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਕੇਂਦਰੀ ਸਿਹਤ ਮੰਤਰੀ ਜੇ ਪੀ ਨੱਡਾ ਨੇ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਅਤੇ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਦੀ ਸਮੀਖਿਆ ਕੀਤੀ।
- ਜਲੰਧਰ ਪੱਛਮੀ ਰਾਖਵੇਂ ਵਿਧਾਨਸਭਾ ਹਲਕੇ ਦੀ ਜ਼ਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੇ ਮੋਹਿੰਦਰ ਭਗਤ ਦੀ ਸ਼ਾਨਦਾਰ ਜਿੱਤ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਿਮਨੀ ਚੋਣ ਵਿਚ ਪਾਰਟੀ ਦੀ ਜਿੱਤ ਤੇ ਖੁਸ਼ੀ ਪ੍ਰਗਟਾਈ ਜਦਕਿ ਭਾਜਪਾ ਨੇ ਚੋਣਾਂ ਵਿਚ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦਾ ਲਾਇਆ ਦੋਸ਼ ।
- ਜਲੰਧਰ ਵਿਚ ਖੇਡੀ ਗਈ ਆਰਮੀ ਇੰਟਰ ਕਮਾਂਡ ਹਾਕੀ ਚੈਂਪੀਅਨਸ਼ਿਪ 2024-25 ਵੈਸਟਰਨ ਕਮਾਂਡ ਦੀ ਟੀਮ ਨੇ ਜਿੱਤ ਲਈ ਏ ।